# ਅਕਾਲ ਪੁਰਖੁ ਦਾ ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਜਰੂਰੀ ਹਨ (ਨਾਮੁ, ਭਾਗ ੩)

## Studying the qualities and capabilities of Akal Purkh through Gurbani are required for recitation of His Naam (Naam, Part 3)

ਆਪਣੀ ਭਾਸ਼ਾ ਵਿਚ ਅਕਾਲ ਪੁਰਖੁ ਦਾ ਕੋਈ ਨਾਂ ਨੀਯਤ ਕਰਨ ਨਾਲ ਤੇ ਉਸ ਨਾਂ ਨੂੰ ਵਾਰ ਵਾਰ ਦੁਹਰਾਈ ਜਾਣ ਨਾਲ ਅਕਾਲ ਪੁਰਖੁ ਦੇ ਗੁਣਾਂ ਤੇ ਸਮੱਰਥਾ ਬਾਰੇ ਕੁਝ ਪਤਾ ਨਹੀਂ ਲਗ ਸਕਦਾ। ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾ ਸ਼ਬਦੀ ਵਾਲਿਆ ਨੂੰ ਪਰਵਾਨ ਕੀਤਾ ਹੈ।

ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ ॥੨॥ (੬੫੪-੬੫੫)

ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨ ਲਈ ਸਾਨੂੰ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਰਜ਼ਾ ਅਨੁਸਾਰ ਚਲਣਾ ਪਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਅੰਦਰ ਅਕਾਲ ਪੁਰਖੁ ਦਾ ਹੁਕਮੁ ਤੇ ਉਸ ਦੇ ਗੁਣ ਸਮਝਾਏ ਗਏ ਹਨ ਤਾਂ ਜੋ ਅਸੀਂ ਉਸ ਅਨੁਸਾਰ ਚਲ ਕੇ ਆਪਣਾ ਮਨੁੱਖਾ ਜਨਮ ਸਫਲ ਕਰ ਸਕੀਏ।

ਜਿਸ ਮਨੁੱਖ ਦਾ ਮਨ ਗੁਰੂ ਦੀ ਮਤਿ ਲੈ ਕੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਲੱਗ ਪੈਂਦਾ ਹੈ, ਉਹ ਮਨੁੱਖ ਖਲੋਤਿਆਂ, ਬੈਠਦਿਆਂ, ਉਠਦਿਆਂ, ਰਸਤੇ ਵਿਚ ਤੁਰਦਿਆਂ, ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹੈ।

ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰ ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਦੇ ਹਨ।

"ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ" ਅਨੁਸਾਰ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ।

ਸਬਦ ਦੀ ਵੀਚਾਰ ਨਾਲ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਤੇ ਚਿੱਤ ਵਿਚ ਵੱਸ ਜਾਂਦਾ ਹੈ ਤੇ ਮਨੁੱਖ ਦੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਆਉਂਣੇ ਸ਼ੁਰੂ ਹੋ ਜਾਂਦੇ ਹਨ।

ਜੇ ਕਰ ਅਸੀਂ ਨਾਮੁ ਨੂੰ ਸਮਝਣਾ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ।

ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ (੨)

"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"

For details please download the articles from the following website:

http://www.geocities.ws/sarbjitsingh/Bani2510GurMagPart03D20150221.pdf

http://www.geocities.ws/sarbjitsingh/

http://www.geocities.ws/sarbjitsingh/GurbaniIndexGurmukhi.htm

http://www.geocities.ws/sarbjitsingh/GurbaniIndexEnglish.htm